# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 24 ਅਕਤੂਬਰ 2026 ਦਿਨ ਸ਼ਨੀਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਵੱਲੋਂ ਅਕਾਡਮੀ ਦਾ 73ਵਾਂ ਸਥਾਪਨਾ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ

### ਮੁੱਖ ਭਾਸ਼ਨ ਅਕਾਡਮੀ ਦੇ ਸਾਬਕਾ ਪ੍ਰਧਾਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਦਿੱਤਾ

ਲੁਧਿਆਣਾ: 23 ਅਕਤੂਬਰ : ਪੰਜਾਬੀ ਸਾਹਿੱਤ ਸੱਭਿਆਚਾਰ ਤੇ ਪਾਕਿਸਤਾਨੀ ਪੰਜਾਬੀ ਸਾਹਿੱਤ ਦੇ ਗੂੜ੍ਹ ਗਿਆਤਾ ਸ. ਰਘਬੀਰ ਸਿੰਘ ਭਰਤ ਜੀ ਦੇ ਅਚਨਚੇਤ ਦੇਹਾਂਤ ਤੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਹੈ ਕਿ ਉਹ ਸਹਿਜਵੰਤੇ ਕਲਮੀ ਯੋਧੇ ਸਨ ਜਿੰਨ੍ਹਾਂ ਨੇ ਮਾਛੀਵਾੜਾ ਸਾਹਿਬ ਵਿੱਚ ਪੂਰੀ ਉਮਰ ਅਧਿਆਪਨ ਕਾਰਜ ਤੇ ਸਮਾਜ ਸੇਵਾ ਵਿੱਚ ਗੁਜ਼ਾਰ ਕੇ ਨਾਮਣਾ ਖੱਟਿਆ। ਉਨ੍ਹਾਂ ਸੁਰਜੀਤ ਖੁਰਸ਼ੀਦੀ , ਬਲਦੇਵ ਪਵਾਰ, ਹਰਜੀਤ ਸਿੰਘ ਮਾਂਗਟ ਤੇ ਤੇਲੂ ਰਾਮ ਕੋਹਾੜਾ ਜੀ ਨਾਲ ਮਿਲ ਕੇ ਸਾਹਿੱਤ ਸਭਾ ਮਾਛੀਵਾੜਾ ਦੀ ਸਥਾਪਨਾ ਕੀਤੀ।



ਉਨ੍ਹਾਂ ਦੇ ਕੀਤੇ ਵੱਡੇ ਕਾਰਜਾਂ ਵਿੱਚ ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਵੱਲੋਂ ਪ੍ਰਕਾਸ਼ਿਤ ਮੌਲਾ ਬਖਸ਼ ਕੁਸ਼ਤਾ ਦੀ ਵੱਡ ਆਕਾਰੀ ਪੁਸਤਕ " ਪੰਜਾਬੀ ਸ਼ਾਇਰਾਂ ਦਾ ਤਜ਼ਕਰਾ" ਤੇ ਪੋਠੋਹਾਰੀ ਲੋਕ ਗੀਤਾਂ ਦੀ ਖੋਜ ਪੁਸਤਕ "ਬਨ ਫੁਲਵਾੜੀ" (ਲੇਖਕ ਜਨਾਬ ਅਫਜ਼ਲ ਪਰਵੇਜ਼ ) ਦਾ ਲਿਪੀਅੰਤਰਣ ਹੈ। ਮੈਨੂੰ ਮਾਣ ਹੈ ਕਿ ਇਹ ਦੋਵੇਂ ਕਾਰਜ ਉਨ੍ਹਾਂ ਮੇਰੀ ਬੇਨਤੀ ਨੂੰ ਪ੍ਰਵਾਨ ਕਰਕੇ ਨੇਪਰੇ ਚਾੜ੍ਹੇ। ਹੋਰ ਵੀ ਉਦਾਸ ਕਰਨ ਵਾਲੀ ਗੱਲ ਇਹ ਹੈ ਕਿ ਸੁਰਗਵਾਸ ਹੋਣ ਵਾਲੀ ਰਾਤ ਤੋਂ ਕੁਝ ਘੰਟੇ ਪਹਿਲਾਂ ਮਾਛੀਵਾੜਾ ਸਾਹਿਬ ਵਿਖੇ ਸਾਡੇ ਨਾਲ ਪੂਰਾ ਦਿਨ ਰਹੇ। ਬਨ ਫੁਲਵਾੜੀ ਕਿਤਾਬ ਦੀਆਂ ਦਸ ਕਾਪੀਆਂ ਵੀ ਪੰਜਾਬੀ ਸਾਰਿੱਤ ਅਕਾਡਮੀ ਲੁਧਿਆਣਾ ਪਾਸੋਂ ਲੈ ਕੇ ਸਹਿਜਪ੍ਰੀਤ ਸਿੰਘ ਮਾਂਗਟ, ਤ੍ਰੈਲੋਚਨ ਲੋਚੀ ਤੇ ਪ੍ਰੋ ਰਵਿੰਦਰ ਭੱਠਲ ਨਾਲ ਮਿਲ ਕੇ ਅਸਾਂ ਹੀ ਉਨ੍ਹਾਂ ਨੂੰ ਸੌਂਪੀਆਂ।

ਸੁਰਗਵਾਸ ਹੋਣ ਤੋਂ ਅਗਲੀ ਸਵੇਰ ਉਨ੍ਹਾਂ ਪੰਜਾਬੀ ਭਵਨ ਲੁਧਿਆਣਾ ਵਿੱਚ ਇਸ ਕਿਤਾਬ ਦੇ ਲੋਕ ਅਰਪਣ ਲਈ ਆਉਣਾ ਸੀ।

ਭਰਤ ਜੀ ਨਮਿਤ ਪਾਠ ਦਾ ਭੋਗ ਤੇ ਅੰਤਿਮ ਅਰਦਾਸ 25ਅਕਤੂਬਰ ਦੁਪਹਿਰ 12 ਵਜੇ ਤੋਂ ਇਕ ਵਜੇ ਵਿਚਕਾਰ ਗੁਰਦੁਆਰਾ ਮਹੰਤ ਗੁਲਾਬ ਸਿੰਘ ਗਲੀ ਨੰਬਰ ਇੱਕ ਨੇੜੇ ਨਬੀ ਖਾਂ ਗਨੀ ਖਾਂ ਗੇਟ ਮਾਛੀਵਾੜਾ ਸਾਹਿਬ (ਲੁਧਿਆਣਾ)ਵਿਖੇ ਹੋਵੇਗੀ।

ਪੰਜਾਬੀ ਸਾਹਿੱਤ ਅਕਾਡਮੀ ਵੱਲੋਂ ਉਨ੍ਹਾਂ ਦੀ ਲਿਪੀਅੰਤਰਿਤ ਪੁਸਤਕ ਬਨ ਫੁਲਵਾੜੀ ਉਨ੍ਹਾਂ ਨਮਿਤ ਹਾਜ਼ਰ ਲੇਖਕਾਂ ਜਨਰਲ ਸਕੱਤਰ ਡਾ. ਗੁਲਜ਼ਾਰ ਪੰਧੇਰ, ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ, ਡਾ. ਜਸਵਿੰਦਰ ਸਿੰਘ, ਡਾ. ਧਨਵੰਤ ਕੌਰ, ਹਰਮੀਤ ਵਿਦਿਆਰਥੀ, ਰਮਨ ਸੰਧੂ, ਸਹਿਜਪ੍ਰੀਤ ਸਿੰਘ ਮਾਂਗਟ, ਡਾ.ਤਰਸਪਾਲ ਕੌਰ, ਰਣਜੀਤ ਕੌਰ ਸਵੀ, ਕੁਲਵਿੰਦਰ ਵਿਰਕ, ਸਿਮਰਨ ਅਕਸ, ਕੁਲਵਿੰਦਰ ਕੁੱਲਾ,ਨਵਤੇਜ ਗੜ੍ਹਦੀਵਾਲਾ, ਮਨਜਿੰਦਰ, ਸੁਰਿੰਦਰਦੀਪ, ਇੰਦਰਜੀਤ ਪਾਲ ਕੌਰ ਭਿੰਡਰ, ਬਲਵਿੰਦਰ ਗਲੈਕਸੀ , ਡਾ਼ ਜਗਵਿੰਦਰ ਜੋਧਾ,ਮਨਦੀਪ ਔਲਖ ਸਮੇਤ ਹਾਜ਼ਰ ਲੇਖਕਾਂ ਨੇ ਲੋਕ ਅਰਪਣ ਕੀਤੀ।

ਇਸ ਮੌਕੇ ਸ. ਰਘਬੀਰ ਸਿੰਘ ਭਰਤ, ਇੰਗਲੈਂਡ ਵਾਸੀ ਉੱਘੇ ਲੇਖਕ ਗੁਰਨਾਮ ਢਿੱਲੋਂ, ਡਾ. ਸ਼ਿੰਦਰਪਾਲ ਸਿੰਘ ਦੇ ਹੋਣਹਾਰ ਜਵਾਨ ਸਪੁੱਤਰ ਸ਼ਰਨਜੀਤ ਸਿੰਘ ਜਿੰਮੀ ਦੀ ਬੇਵਕਤ ਮੌਤ 'ਤੇ ਦੁੱਖ ਪ੍ਰਗਟ ਕੀਤਾ।

ਇਸ ਸਮਾਗਮ ਵਿਚ ਹੋਰਨਾਂ ਤੋਂ ਇਲਾਵਾ ਅਕਾਡਮੀ ਦੇ ਸਰਪ੍ਰਸਤ ਸ. ਚਰਨਜੀਤ ਸਿੰਘ ਯੂ ਐੱਸ ਏ,ਅਸ਼ਵਨੀ ਜੇਤਲੀ ,ਡਾ. ਗੁਰਇਕਬਾਲ ਸਿੰਘ, ਜਨਮੇਜਾ ਜੌਹਲ, ਡਾ. ਜਗਵਿੰਦਰ ਜੋਧਾ, ਅਮਰਜੀਤ ਸ਼ੇਰਪੁਰੀ, ਸਹਿਜਪ੍ਰੀਤ ਸਿੰਘ ਮਾਂਗਟ, ਤ੍ਰੈਲੋਚਨ ਲੋਚੀ,ਅਜੀਤ ਪਿਆਸਾ, ਮੇਜਰ ਸਿੰਘ ਛੀਨਾ, ਹਰਬੰਸ ਸਿੰਘ ਅਖਾੜਾ, ਪ੍ਰਭਜੋਤ ਸੋਹੀ,ਡਾ. ਕੰਵਲ ਢਿੱਲੋਂ, ਡਾ. ਸੋਮਪਾਲ ਹੀਰਾ,ਭਗਵਾਨ ਢਿੱਲੋਂ ਸੁਰਿੰਦਰਦੀਪ, ਡਾ. ਬਲਵਿੰਦਰ ਸਿੰਘ ਔਲਖ ਗਲੈਕਸੀ, ਤਰਲੋਚਨ ਝਾਂਡੇ, ਨੇਤਰ ਸਿੰਘ ਮੁੱਤੋ, ਰਜਿੰਦਰ ਵਰਮਾ,ਹਰਬਖਸ਼ ਸਿੰਘ ਗਰੇਵਾਲ, , ਪਰਵਿੰਦਰ ਸਿੰਘ ਕਲਸੀ, ,ਮੇਜਰ ਸਿੰਘ ,ਡਾ.ਸੋਮਪਾਲ ਹੀਰਾ, ਸੰਧੇ ਸੁਖਬੀਰ, ਪ੍ਰੀਤ ਬਾਠ,ਮੇਜਰ ਸਿੰਘ ਸਿਆੜ੍ਹ ਵੀ ਹਾਜ਼ਰ ਸਨ।

## ਖੇਡਾਂ ਵਤਨ ਪੰਜਾਬ ਦੀਆਂ-2026: ਪਟਿਆਲਾ ਵਿਖੇ ਰਾਜ ਪੱਧਰੀ ਖੇਡਾਂ (ਸਲਾਟ-2) ਸਮਾਪਤ, ਖੋ-ਖੋ ਤੇ ਕਬੱਡੀ ਵਿੱਚ ਖਿਡਾਰੀਆਂ ਨੇ ਦਿਖਾਏ ਸ਼ਾਨਦਾਰ ਜੌਹਰ



ਪਟਿਆਲਾ, 24 ਅਕਤੂਬਰ : ਅੱਜ ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਜਿਲ੍ਹਾ ਪਟਿਆਲਾ ਵਿਖੇ ਮਿਤੀ 17-10-26 ਤੋਂ ਚੱਲ ਰਹੀਆਂ ਰਾਜ ਪੱਧਰੀ ਖੇਡਾਂ (ਸਲੋਟ-2) ਸਮਾਪਤ ਹੋ ਗਈਆ ਹਨ। ਇਹਨਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਨਵਜੋਤ ਸਿੰਘ ਧਾਲੀਵਾਲ ਜਿਲ੍ਹਾ ਖੇਡ ਅਫਸਰ ਪਟਿਆਲਾ ਨੇ ਦੱਸਿਆ ਕਿ ਗੇਮ ਕਬੱਡੀ ਸਰਕਲ ਸਟਾਇਲ ਜੋ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕਰਵਾਈ ਜਾ ਰਹੀ ਸੀ, ਵਿੱਚ ਸ੍ਰ. ਗੁਰਲਾਲ ਸਿੰਘ ਐਮ.ਐਲ.ਏ. ਘਨੌਰ ਵੱਲੋਂ ਖਿਡਾਰੀਆਂ ਦੀ ਮੈਡਲ ਸੈਰਮਨੀ ਕੀਤੀ ਗਈ।

ਇਸ ਸਮੇਂ ਪੋਲੋ ਗਰਾਊਂਡ ਪਟਿਆਲਾ ਵਿਖੇ ਖੋ-ਖੋ ਗੇਮ ਦੇ ਖਿਡਾਰੀਆਂ ਦੀ ਮੈਡਲ ਸੈਰਮਨੀ ਸ੍ਰ. ਉਪਕਾਰ ਸਿੰਘ ਵਿਰਕ ਜਨਰਲ ਸੈਕਟਰੀ ਖੋ-ਖੋ ਫੈਡਰੇਸ਼ਨ ਆਫ ਇੰਡੀਆ ਵੱਲੋਂ ਕੀਤੀ ਗਈ।



ਖੋ-ਖੋ ਅੰਡਰ-21 ਲੜਕਿਆਂ ਵਿੱਚ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ, ਸੰਗਰੂਰ ਦੀ ਟੀਮ ਨੇ ਦੂਸਰਾ ਸਥਾਨ, ਜਲੰਧਰ ਅਤੇ ਕਪੂਰਥਲਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ-21 ਲੜਕੀਆਂ ਵਿੱਚ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ, ਸੰਗਰੂਰ ਦੀ ਟੀਮ ਨੇ ਦੂਸਰਾ ਸਥਾਨ, ਸ੍ਰੀ ਮੁਕਤਸਰ ਸਾਹਿਬ ਅਤੇ ਲੁਧਿਆਣਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਉਮਰ ਵਰਗ 21-30 ਲੜਕਿਆਂ ਵਿੱਚ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ, ਸੰਗਰੂਰ ਦੀ ਟੀਮ ਨੇ ਦੂਸਰਾ ਸਥਾਨ, ਫਰੀਦਕੋਟ ਅਤੇ ਜਲੰਧਰ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਲੜਕੀਆਂ ਵਿੱਚ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ, ਸੰਗਰੂਰ ਦੀ ਟੀਮ ਨੇ ਦੂਸਰਾ ਸਥਾਨ, ਮਾਨਸਾ ਅਤੇ ਫਾਜਿਲਕਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ।

ਕਬੱਡੀ ਸਰਕਲ ਸਟਾਇਲ ਉਮਰ ਵਰਗ 21-30 ਲੜਕਿਆਂ ਵਿੱਚ ਮਾਨਸਾ ਦੀ ਟੀਮ ਨੇ ਪਹਿਲਾ ਸਥਾਨ, ਸੰਗਰੂਰ ਦੀ ਟੀਮ ਨੇ ਦੂਸਰਾ ਸਥਾਨ ਅਤੇ ਸ੍ਰੀ ਮੁਕਤਸਰ ਸਾਹਿਬ ਅਤੇ ਫਿਰੋਜਪੁਰ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਲੜਕੀਆਂ ਵਿੱਚ ਮੋਗਾ ਦੀ ਟੀਮ ਨੇ ਪਹਿਲਾ ਸਥਾਨ, ਫਾਜਿਲਕਾ ਦੀ ਟੀਮ ਨੇ ਦੂਸਰਾ ਸਥਾਨ, ਤਰਨਤਾਰਨ ਅਤੇ ਪਟਿਆਲਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-21 ਲੜਕੀਆਂ ਵਿੱਚ ਪਟਿਆਲਾ ਦੀ ਟੀਮ ਨੇ ਪਹਿਲਾ ਸਥਾਨ, ਮੋਗਾ ਦੀ ਟੀਮ ਨੇ ਦੂਸਰਾ ਸਥਾਨ, ਫਰੀਦਕੋਟ ਅਤੇ ਫਾਜਿਲਕਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ।

## ਉੱਘੇ ਪੰਜਾਬੀ ਕਵੀ ਅਜਾਇਬ ਸਿੰਘ ਹੁੰਦਲ ਦੇ ਦੇਹਾਂਤ ਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਵੱਲੋਂ ਅਫ਼ਸੋਸ ਦਾ ਪ੍ਰਗਟਾਵਾ



ਲੁਧਿਆਣਾ: 24 ਅਕਤੂਬਰ : ਵੇਰਕਾ ਦੇ ਜੰਮਪਲ ਤੇ ਅੰਮ੍ਰਿਤਸਰ ਦੇ ਸਿਰਕੱਢ ਵਕੀਲ ਤੇ ਸ਼੍ਰੋਮਣੀ ਪੰਜਾਬੀ ਕਵੀ ਅਜਾਇਬ ਸਿੰਘ ਹੁੰਦਲ ਦੇ ਦੇਹਾਂਤ ਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਡੂੰਘੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਹੈ।

ਅਜਾਇਬ ਸਿੰਘ ਹੁੰਦਲ ਦਾ ਜਨਮ 7 ਦਸੰਬਰ 1939 ਦਾ ਹੋਣ ਕਾਰਨ ਇਸ ਵੇਲੇ ਲਗਪਗ 86 ਸਾਲ ਦੇ ਸਨ।

ਆਪਣਾ ਕਾਵਿ ਸਫ਼ਰ ਉਨ੍ਹਾਂ ਪੰਜਾਬੀ ਗ਼ਜ਼ਲਗੋ ਵਜੋਂ ਆਰੰਭਿਆ ਪਰ ਮਗਰੋਂ ਉਹ ਆਜ਼ਾਦ ਕਵਿਤਾ ਲਿਖਣ ਲੱਗ ਪਏ। ਵੇਰਕਾ ਰਹਿੰਦਿਆਂ ਉਹ ਪੰਜਾਬੀ ਨਾਵਲਕਾਰ ਮੋਹਨ ਕਾਹਲੋਂ ਦੇ ਪੱਕੇ ਸਾਥੀ ਸਨ। ਉਨ੍ਹਾਂ ਦੀਆਂ ਪ੍ਰਮੁੱਖ ਲਿਖਤਾਂ ਵਿੱਚ ਅਜੇ ਨਾ ਗਿਣ (ਗ਼ਜ਼ਲਾਂ)ਫ਼ੈਸਲੇ ਤੋਂ ਬਾਅਦ (1983)ਮਿੱਟੀ ਸਾਹਵੇਂ ਖੜ੍ਹਾ ਵਾਰਿਸ (1991) ਆਪਣਾ ਆਪਣਾ ਕੁਰੂਕਸ਼ੇਤਰ (1996)ਕਚਹਿਰੀ ਵਿੱਚ ਖੜ੍ਹਾ ਦਰਖਤ (1992) ਪ੍ਰਮੁੱਖ ਹਨ। ਭਾਸ਼ਾ ਵਿਭਾਗ ਪੰਜਾਬ ਨੇ ਵੀ ਆਪ ਨੂੰ ਸ਼੍ਰੋਮਣੀ ਪੰਜਾਬੀ ਕਵੀ ਵਜੋਂ ਸਨਮਾਨਿਤ ਕੀਤਾ ਸੀ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਲਿਆਣ ਵਿਖੇ ਕਰੀਅਰ ਕਾਊਂਸਲਿੰਗ-ਕਮ-ਨਸ਼ਾ ਜਾਗਰੂਕਤਾ ਕੈਂਪ ਲਗਾਇਆ




ਪਟਿਆਲਾ, 24 ਅਕਤੂਬਰ: ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ਿਆਂ ਵਿਰੁੱਧ ਸਖ਼ਤ ਕਦਮ ਚੁੱਕ ਰਹੀ ਹੈ ਅਤੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਡੀ.ਬੀ.ਈ.ਈ.), ਪਟਿਆਲਾ ਵੱਲੋਂ ਪੰਜਾਬ ਸਰਕਾਰ ਦੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕਲਿਆਣ, ਪਟਿਆਲਾ ਵਿਖੇ ਕਰੀਅਰ ਕਾਊਂਸਲਿੰਗ-ਕਮ-ਨਸ਼ਾ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਲਗਭਗ 100 ਵਿਦਿਆਰਥੀਆਂ ਨੇ ਭਾਗ ਲਿਆ। ਕੈਂਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਹੀ ਕਰੀਅਰ ਦੀ ਚੋਣ, ਹੁਨਰ ਵਿਕਾਸ ਅਤੇ ਰੋਜ਼ਗਾਰ ਦੇ ਮੌਕਿਆਂ ਬਾਰੇ ਜਾਣਕਾਰੀ ਦੇਣਾ ਸੀ।

ਇਸ ਮੌਕੇ ਡੀ.ਬੀ.ਈ.ਈ., ਪਟਿਆਲਾ ਦੇ ਡਿਪਟੀ ਸੀ.ਈ.ਓ. ਸ੍ਰੀ ਸਤਿੰਦਰ ਸਿੰਘ ਅਤੇ ਕਰੀਅਰ ਕਾਊਂਸਲਰ ਡਾ. ਰੂਪਸੀ ਪਾਹੂਜਾ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਆਪਣੀ ਰੁਚੀ ਅਤੇ ਯੋਗਤਾ ਅਨੁਸਾਰ ਕਰੀਅਰ ਦੀ ਚੋਣ ਕਰਨ ਅਤੇ ਜੀਵਨ ਵਿੱਚ ਸਪੱਸ਼ਟ ਟੀਚੇ ਨਿਰਧਾਰਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਸਹੀ ਸਮੇਂ 'ਤੇ ਲਿਆ ਗਿਆ ਕਰੀਅਰ ਸਬੰਧੀ ਫੈਸਲਾ ਅਤੇ ਲੋੜੀਂਦੇ ਹੁਨਰਾਂ ਦੀ ਸਿਖਲਾਈ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਰਾਹ ਖੋਲ੍ਹ ਸਕਦੀ ਹੈ।

ਕੈਂਪ ਦੌਰਾਨ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ ਸੰਦਰਭ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ ਅਤੇ ਮਾਨਸਿਕ ਸਿਹਤ, ਪਰਿਵਾਰਕ ਜੀਵਨ, ਸਿੱਖਿਆ ਅਤੇ ਸਮਾਜ ਉੱਤੇ ਪੈਣ ਵਾਲੇ ਗੰਭੀਰ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ। ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਗਲਤ ਸੰਗਤ ਤੋਂ ਬਚਣ, ਸਿਹਤਮੰਦ ਆਦਤਾਂ ਅਪਣਾਉਣ ਅਤੇ ਆਪਣਾ ਧਿਆਨ ਸਿੱਖਿਆ, ਖੇਡਾਂ ਅਤੇ ਉਸਾਰੂ ਗਤੀਵਿਧੀਆਂ ਵੱਲ ਕੇਂਦਰਿਤ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਵਿਦਿਆਰਥੀਆਂ ਨੂੰ ਡੀ.ਬੀ.ਈ.ਈ. ਪਟਿਆਲਾ ਵੱਲੋਂ ਮੁਹੱਈਆ ਕਰਵਾਈਆਂ ਜਾਂਦੀਆਂ ਸਹੂਲਤਾਂ, ਜਿਨ੍ਹਾਂ ਵਿੱਚ ਕਰੀਅਰ ਕਾਊਂਸਲਿੰਗ, ਪਲੇਸਮੈਂਟ ਕੈਂਪ, ਨੌਕਰੀਆਂ ਸਬੰਧੀ ਜਾਣਕਾਰੀ, ਹੁਨਰ ਵਿਕਾਸ ਕੋਰਸ ਅਤੇ ਸਵੈ-ਰੋਜ਼ਗਾਰ ਲਈ ਵੱਖ-ਵੱਖ ਸਰਕਾਰੀ ਕਰਜ਼ਾ ਯੋਜਨਾਵਾਂ ਸ਼ਾਮਲ ਹਨ, ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ। ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਕਿੱਤਾਮੁਖੀ ਹੁਨਰ ਹਾਸਲ ਕਰਨ ਅਤੇ ਭਵਿੱਖ ਵਿੱਚ ਰੋਜ਼ਗਾਰ ਜਾਂ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਉਪਲਬਧ ਮੌਕਿਆਂ ਦਾ ਲਾਭ ਉਠਾਉਣ ਲਈ ਉਤਸ਼ਾਹਿਤ ਕੀਤਾ।

ਇਸ ਮੌਕੇ ਇਹ ਸੰਦੇਸ਼ ਦਿੱਤਾ ਗਿਆ ਕਿ ਨੌਜਵਾਨਾਂ ਨੂੰ ਸਹੀ ਦਿਸ਼ਾ, ਮਿਆਰੀ ਸਿੱਖਿਆ, ਹੁਨਰ ਵਿਕਾਸ ਅਤੇ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਕੇ ਨਸ਼ਿਆਂ ਤੋਂ ਦੂਰ ਰੱਖਣ ਅਤੇ ਸਮਾਜ ਦੀ ਤਰੱਕੀ ਵਿੱਚ ਉਨ੍ਹਾਂ ਦੀ ਭਾਗੀਦਾਰੀ ਵਧਾਉਣ ਲਈ ਸਾਂਝੇ ਯਤਨ ਬੇਹੱਦ ਜ਼ਰੂਰੀ ਹਨ।ਇਹ ਵੀ ਦੱਸਿਆ ਗਿਆ ਕਿ ਲੋਕ ਨਸ਼ਾ ਤਸਕਰਾਂ ਸਬੰਧੀ ਜਾਣਕਾਰੀ ਟੋਲ ਫਰੀ ਨੰਬਰ 97791-00200 ਅਤੇ ਨਸ਼ਾ ਮੁਕਤੀ ਐਪ (ਐਨ.ਐਨ.ਐਮ.) ਰਾਹੀਂ ਵੀ ਸਾਂਝੀ ਕਰ ਸਕਦੇ ਹਨ।

## ਭਾਸ਼ਾ ਵਿਭਾਗ ਵੱਲੋਂ ਸਰਕਾਰੀ ਕਾਲਜ ਈਸਟ ਵਿਖੇ ਜ਼ਿਲ੍ਹਾ ਪੱਧਰੀ ਸਾਹਿਤ ਸਿਰਜਣ ਮੁਕਾਬਲਿਆਂ ਦਾ ਆਯੋਜਨ-



ਲੁਧਿਆਣਾ 24 ਅਕਤੂਬਰ : ਮਾਣਯੋਗ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਜਸਵੰਤ ਸਿੰਘ ਜ਼ਫ਼ਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੁਚੱਜੀ ਅਗਵਾਈ ਵਿੱਚ ਵਿਭਾਗ ਦੁਆਰਾ ਭਾਸ਼ਾ ਅਤੇ ਸਾਹਿਤ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਅਨੇਕ ਪ੍ਰੋਗਰਾਮ ਉਲੀਕੇ ਜਾ ਰਹੇ ਹਨ। ਸਮਾਗਮਾਂ ਦੀ ਇਸੇ ਕੜੀ ਵਿੱਚ ਵਿਦਿਆਰਥੀਆਂ ਦੀ ਪੰਜਾਬੀ ਭਾਸ਼ਾ ਅਤੇ ਸਾਹਿਤ ਵਿੱਚ ਅਤੇ ਸਿਰਜਣਾਤਮਕ ਬਿਰਤੀ ਤੇ ਕਲਪਨਾਸ਼ੀਲਤਾ ਨੂੰ ਪ੍ਰਫੁੱਲਤ ਕਰਨ ਦੇ ਮਕਸਦ ਨਾਲ਼ ਪੰਜਾਬੀ ਕਵਿਤਾ ਗਾਇਨ ਅਤੇ ਸਾਹਿਤ ਸਿਰਜਨ ਮੁਕਾਬਲੇ ਕਰਵਾਏ ਜਾਂਦੇ ਹਨ। ਇਹ ਮੁਕਾਬਲੇ ਪਹਿਲਾਂ ਜ਼ਿਲ੍ਹਾ ਪੱਧਰ ਅਤੇ ਫੇਰ ਜ਼ਿਲ੍ਹਿਆ ਵਿੱਚੋਂ ਜੇਤੂ ਵਿਦਿਆਰਥੀਆਂ ਦੇ ਮੁਕਾਬਲੇ ਰਾਜ ਪੱਧਰ ਉੱਤੇ ਕਰਵਾਏ ਜਾਂਦੇ ਹਨ। ਜ਼ਿਲ੍ਹਾ ਭਾਸ਼ਾ ਅਫ਼ਸਰ ਡਾ.ਸੰਦੀਪ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੁਧਿਆਣਾ ਦੇ ਜ਼ਿਲ੍ਹਾ ਪੱਧਰੀ ਮੁਕਾਬਲੇ ਸਥਾਨਕ ਸਰਕਾਰੀ ਕਾਲਜ ਈਸਟ ਵਿਖੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਜ਼ਿਲ੍ਹੇ ਭਰ ਦੇ ਸਰਕਾਰੀ, ਅਰਧ-ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚੋਂ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ਼ ਹਿੱਸਾ ਲਿਆ। ਮੁਕਾਬਲਿਆਂ ਦੇ ਸੰਚਾਲਨ ਵਿੱਚ ਇੰਚਾਰਜ ਪ੍ਰਿੰਸੀਪਲ ਕਮਲ ਕਿਸ਼ੋਰ ਅਤੇ ਕਾਲਜ ਪ੍ਰਸ਼ਾਸਨ ਦੁਆਰਾ ਸੁਹਿਰਦ ਭੂਮਿਕਾ ਨਿਭਾਈ ਗਈ। ਮੁਕਾਬਲਿਆਂ ਲਈ ਚਾਰ ਵਿਧਾਵਾਂ ਨਿਰਧਾਰਿਤ ਕੀਤੀਆਂ ਗਈਆਂ ਹਨ। ਇਨ੍ਹਾਂ ਵਿੱਚ ਕਵਿਤਾ ਗਾਇਨ, ਲੇਖ ਰਚਨਾ, ਕਹਾਣੀ ਰਚਨਾ ਅਤੇ ਕਵਿਤਾ ਰਚਨਾ ਸ਼ਾਮਿਲ ਹਨ।

ਮੁਕਾਬਲਿਆਂ ਵਿੱਚ ਸੁਖਵਿੰਦਰ ਸਿੰਘ, ਅਵਨੀਤ ਕੌਰ ਅਤੇ ਰਹਿਤਰੀਤ ਕੌਰ ਨੇ ਕਵਿਤਾ ਗਾਇਨ ਵਿੱਚ ਕ੍ਰਮਵਾਰ ਪਹਿਲਾ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਕਰਿਸ਼ਾ, ਗੁਰਸ਼ਰਨ ਸਿੰਘ ਤੇ ਖੁਸ਼ਲੀਨ ਕੌਰ ਨੇ ਕਹਾਣੀ ਲੇਖਣ, ਕਸ਼ਿਸ਼, ਹੰਸਪ੍ਰੀਤ ਕੌਰ ਤੇ ਸੁਖਮਨ ਕੌਰ ਨੇ ਲੇਖ ਰਚਨਾ, ਨਵਰਾਜਪ੍ਰੀਤ ਸਿੰਘ ਸੇਖੋਂ, ਅਰਮਾਨ ਤੇ ਸੁਖਜੀਤ ਸਿੰਘ ਨੇ ਕਵਿਤਾ ਲੇਖਣ ਵਿੱਚ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਹਰੇਕ ਵਰਗ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਨਵੰਬਰ ਵਿੱਚ ਹੋਣ ਵਾਲੇ ਰਾਜ ਪੱਧਰੀ ਮੁਕਾਬਲੇ ਵਿੱਚ ਭਾਗ ਲੈਣਗੇ। ਜੇਤੂ ਵਿਦਿਆਰਥੀਆਂ ਨੂੰ ਭਾਸ਼ਾ ਵਿਭਾਗ ਵੱਲੋਂ ਇਨਾਮ ਵਜੋਂ ਨਕਦ ਰਾਸ਼ੀ ਅਤੇ ਸਰਟੀਫਿਕੇਟ ਪ੍ਰਦਾਨ ਕੀਤੇ ਗਏ।। ਪ੍ਰੋ. ਸੁਰਿੰਦਰ ਖੰਨਾ, ਪ੍ਰੋ. ਮਨਪ੍ਰੀਤ ਕੌਰ, ਪ੍ਰੋ ਦੀਪਕ ਕੁਮਾਰ ਅਤੇ ਪ੍ਰੋ. ਮਨਪ੍ਰੀਤ ਕੌਰ ਨੇ ਜਜਮੈਂਟ ਦੀ ਡਿਊਟੀ ਬਾਖੂਬੀ ਨਿਭਾਈ।। ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਸੰਦੀਪ ਸ਼ਰਮਾ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਆਖਿਆ ਕਿ ਇਸ ਦੌਰ ਵਿੱਚ ਮਾਨਵੀ ਸੰਵੇਦਨਾ ਨੂੰ ਬਚਾ ਕੇ ਰੱਖਣਾ ਹੋਰ ਵੀ ਮਹੱਤਵਪੂਰਨ ਹੋ ਗਿਆ ਹੈ ਅਤੇ ਇਹੋ ਜਿਹੇ ਉਪਰਾਲੇ ਇਸ ਵਿੱਚ ਵਿੱਚ ਵੱਡੀ ਭੂਮਿਕਾ ਨਿਭਾਉਂਦੇ ਹਨ। ਇਹ ਮੁਕਾਬਲੇ ਜਿੱਥੇ ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਨਾਲ ਵਿਦਿਆਰਥੀਆਂ ਦੀ ਸਾਂਝ ਪੈਦਾ ਕਰਦੇ ਹਨ ਉੱਥੇ ਹੀ ਵਿਦਿਆਰਥੀਆਂ ਅੰਦਰ ਮੁਕਾਬਲੇ ਦੀ ਭਾਵਨਾ ਦਾ ਸੰਚਾਰ ਵੀ ਕਰਦੇ ਹਨ। ਪ੍ਰਿੰਸੀਪਲ ਕਮਲ ਕਿਸ਼ੋਰ ਨੇ ਸੰਬੋਧਨ ਹੁੰਦਿਆਂ ਕਿਹਾ ਕਿ ਭਾਸ਼ਾ ਵਿਭਾਗ ਦੇ ਅਜਿਹੇ ਉਪਰਾਲੇ ਸ਼ਲਾਘਾਯੋਗ ਹਨ ਅਤੇ ਇਸ ਦੌਰ ਸਮਾਜ ਲਈ ਇਨ੍ਹਾਂ ਦਾ ਹੋਣਾ ਮਹੱਤਵਪੂਰਨ ਹੈ।ਉਨ੍ਹਾਂ ਕਿਹਾ ਕਿ ਪੰਜਾਬੀਆਂ ਨੂੰ ਆਪਣੀ ਮਾਤ ਭਾਸ਼ਾ ਉੱਤੇ ਹਮੇਸ਼ਾ ਮਾਣ ਕਰਨਾ ਚਾਹੀਦਾ ਹੈ। ਇਸ ਕਾਲਜ ਸਟਾਫ, ਸਕੂਲ ਸਿੱਖਿਆ ਵਿਭਾਗ ਦੇ ਅਧਿਆਪਕ ਅਤੇ ਵਿਦਿਆਰਥੀ ਅਤੇ ਵਿਦਿਆਰਥੀਆਂ ਨਾਲ਼ ਆਏ ਮਾਪੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।